# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 30-04-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਭਲਕੇ ਮੁੰਬਈ'ਚ ਪਹਿਲੇ ਵਿਸ਼ਵ ਆਡੀਓ ਵਿਜ਼ੁਅਲ ਐਂਟਰਟੇਨਮੈਂਟ ਸੰਮੇਲਨ - WAVES 2025 ਦਾ ਉਦਘਾਟਨ ਕਰਨਗੇ.
- ਮੰਤਰੀ ਮੰਡਲ ਨੇ ਖੰਡ ਰੁਤ 2025-26 ਲਈ ਕਿਸਾਨਾਂ ਲਈ ਗੰਨੇ ਦੀ ਨਿਰਪੱਖ ਅਤੇ ਲਾਹੇਵੰਦ ਕੀਮਤ 355 ਰੁਪਏ ਪ੍ਰਤੀ ਕੁਇੰਟਲ 'ਤੇ ਮਨਜ਼ੂਰ ਕਰ ਦਿੱਤੀ ਏ.
- ਪੰਜਾਬ ਦੇ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਏ ਕਿ ਸੂਬੇ ਕੋਲ ਦੂਜੇ ਸੂਬਿਆਂ ਨਾਲ ਸਾਂਝਾ ਕਰਨ ਲਈ ਇੱਕ ਬੂੰਦ ਵੀ ਪਾਣੀ ਨਹੀਂ ਏ।

- ਸੂਬੇ ਦੇ  ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਚਾਰ ਸਰਕਾਰੀ ਸਕੂਲਾਂ ਵਿੱਚ 71 ਲੱਖ ਰੁਪਏ ਤੋਂ ਵਧ ਦੇ ਬੁਨਿਆਦੀ ਢਾਂਚਾ ਵਿਕਾਸ ਪ੍ਰੋਜੈਕਟ, ਸਮਰਪਿਤ ਕੀਤੇ.
- ਨਸ਼ਿਆਂ ਦੀ ਲਾਹਨਤ ਵਿਰੁੱਧ ਜਾਰੀ ਮੁਹਿੰਮ ਦੌਰਾਨ,ਸੂਬੇ ਦੇ  ਨਸ਼ਾ ਛੁਡਾਊ ਕੇਂਦਰਾਂ ਵਿੱਚ ਬਿਸਤਰਿਆਂ ਦੀ ਗਿਣਤੀ 1500 ਤੋਂ ਵਧਾ ਕੇ 5 ਹਜ਼ਾਰ ਕਰ ਦਿੱਤੀ ਗਈ ਏ ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਭਲਕੇ ਮੁੰਬਈ'ਚ ਪਹਿਲੇ ਵਿਸ਼ਵ ਆਡੀਓ ਵਿਜ਼ੁਅਲ ਐਂਟਰਟੇਨਮੈਂਟ ਸੰਮੇਲਨ - WAVES 2025 ਦਾ ਉਦਘਾਟਨ ਕਰਨਗੇ। ਇਹ Jio World Convention Centre ਵਿਖੇ ਹੋਏਗਾ। ਇਸ ਚਾਰ ਦਿਨਾ ਸੰਮੇਲਨ ਦਾ ਮੁਖ ਵਿਸ਼ਾ, Connecting Creators, Connecting Countries ਭਾਵ ਰਚਨਾਕਾਰਾਂ ਨੂੰ ਜੋੜਨਾ ਤੇ ਦੇਸ਼ਾਂ ਨੂੰ ਜੋੜਨਾ ਏ ।

***ਪੇਸ਼ ਏ ਇਸ ਬਾਰੇ ਇੱਕ ਰਿਪੋਰਟ -***

ਚਾਰ-ਦਿਨਾ WAVES 2025 ਸੰਮੇਲਨ, ਦੁਨੀਆ ਭਰ ਦੇ Creators, ਸਟਾਰਟਅੱਪਸ, ਸਨਅਤ ਦੇ ਆਗੂਆਂ ਅਤੇ ਨੀਤੀ ਘਾੜਿਆਂ ਨੂੰ ਇੱਕ ਥਾਂ ਲਿਆ ਕੇ ਭਾਰਤ ਨੂੰ ਮੀਡੀਆ, ਮਨੋਰੰਜਨ ਅਤੇ ਡਿਜੀਟਲ ਕਾਢਾਂ ਲਈ ਇੱਕ ਆਲਮੀ ਕੇਂਦਰ ਵਜੋਂ ਕਾਇਮ ਕਰਨ 'ਚ ਮਦਦ ਕਰੇਗਾ. ਇੱਕ ਰੌਸ਼ਨ ਭਵਿੱਖ ਨੂੰ ਨੁਹਾਰ ਦੇਣ ਲਈ ਸਿਰਜਣਾਤਮਕਤਾ, ਤਕਨਾਲੋਜੀ ਅਤੇ ਹੁਨਰ ਦਾ ਲਾਭ ਉਠਾਉਣ ਦੀ ਪ੍ਰਧਾਨ ਮੰਤਰੀ ਦੀ ਸੋਚ ਮੁਤਾਬਿਕ, WAVES- OTT, gaming, comics, digital media, AI, AVGC-XR, ਪ੍ਰਸਾਰਣ ਅਤੇ ਉੱਭਰਦੀ ਤਕਨੀਕ ਨੂੰ ਸੰਗਠਿਤ ਕਰੇਗਾ, ਜਿਸ ਨਾਲ ਇਹ ਭਾਰਤ ਦੇ ਮੀਡੀਆ ਅਤੇ ਮਨੋਰੰਜਨ ਹੁਨਰ ਦਾ ਇੱਕ ਵਿਆਪਕ ਵਿਖਾਲਾ ਹੋਏਗਾ. WAVES ਸੰਮੇਲਨ ਦਾ ਉਦੇਸ਼, 2029 ਤੱਕ 50 ਅਰਬ ਡਾਲਰ ਦੇ ਬਾਜ਼ਾਰ ਨੂੰ ਖੋਲਣਾ ਏ, ਜਿਸ ਨਾਲ ਵਿਸ਼ਵ ਮਨੋਰੰਜਨ ਆਰਥਿਕਤਾ ਵਿੱਚ ਭਾਰਤ ਦੀ ਮੌਜੂਦਗੀ ਵਧੇਗੀ.ਇਸ ਸਮਾਗਮ ਵਿੱਚ ਆਲਮੀ ਮੀਡੀਆ ਸੰਵਾਦ, ਖਰੀਦਦਾਰ-ਵਿਕਰੇਤਾ ਮੁਲਾਕਾਤਾਂ, ਉੱਭਰ ਰਹੇ

***CREATORS ਲਈ ਪਿੱਚ ਸੈਸ਼ਨ ਅਤੇ ਕਹਾਣੀ ਸੁਣਾਉਣ ਦੇ ਨਵੇਂ ਯੁੱਗ ਦੇ ਫਾਰਮੈਟਾਂ ਦੇ ਵਿਖਾਲੇ ਸ਼ਾਮਲ ਹੋਣਗੇ।***

---------------------------------------------------

ਸਰਕਾਰ ਨੇ ਖੰਡ ਰੁਤ 2025-26 ਲਈ ਕਿਸਾਨਾਂ ਲਈ ਗੰਨੇ ਦੀ ਨਿਰਪੱਖ ਅਤੇ ਲਾਹੇਵੰਦ ਕੀਮਤ 355 ਰੁਪਏ ਪ੍ਰਤੀ ਕੁਇੰਟਲ 'ਤੇ ਮਨਜ਼ੂਰ ਕਰ ਦਿੱਤੀ ਏ. ਸ੍ਰੀ ਵੈਸ਼ਨਵ ਨੇ ਕਿਹਾ ਕਿ ਇਸ ਫੈਸਲੇ ਨਾਲ ਪੰਜ ਕਰੋੜ ਗੰਨਾ ਕਿਸਾਨਾਂ ਦੇ ਨਾਲ-ਨਾਲ ਖੰਡ ਮਿੱਲਾਂ ਅਤੇ ਸਬੰਧਤ ਸਹਾਇਕ ਗਤੀਵਿਧੀਆਂ ਵਿੱਚ ਕੰਮ ਕਰਨ ਵਾਲੇ ਪੰਜ ਲੱਖ ਕਾਮਿਆਂ ਨੂੰ ਲਾਭ ਹੋਵੇਗਾ।

---------------------------------------------------

ਪੰਜਾਬ ਦੇ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਏ ਕਿ ਸੂਬੇ ਕੋਲ ਦੂਜੇ ਸੂਬਿਆਂ ਨਾਲ ਸਾਂਝਾ ਕਰਨ ਲਈ ਇੱਕ ਬੂੰਦ ਵੀ ਪਾਣੀ ਨਹੀਂ ਏ। ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਹੀ ਮਨੁੱਖੀ ਆਧਾਰ 'ਤੇ ਹਰਿਆਣਾ ਨੂੰ 4 ਹਜ਼ਾਰ ਕਿਊਸਿਕ ਪਾਣੀ ਦੇ ਚੁੱਕਾ ਏ ਤਾਂ ਜੋ ਉਨ੍ਹਾਂ ਦੀਆਂ ਪੀਣ ਵਾਲੇ ਪਾਣੀ ਦੀਆਂ ਜ਼ਰੂਰਤਾਂ ਪੂਰੀਆਂ ਕੀਤੀਆਂ ਜਾ ਸਕਣ।

ਓਹਨਾਂ ਕਿਹਾ ਕਿ ਸੂਬੇ ਵਿੱਚ ਪਾਣੀ ਦੀ ਸਥਿਤੀ ਪਹਿਲਾਂ ਹੀ ਮਾੜੀ ਏ। ਇੱਕ ਬਿਆਨ ਵਿੱਚ ਸ੍ਰੀ ਮਾਨ ਨੇ ਕਿਹਾ ਕਿ ਹਰਿਆਣਾ ਇਸ ਸਾਲ ਮਾਰਚ ਮਹੀਨੇ ਵਿੱਚ ਆਪਣੇ ਹਿੱਸੇ ਦਾ ਸਾਰਾ ਪਾਣੀ ਵਰਤ ਚੁੱਕਾ ਏ, ਜਿਸ ਕਾਰਨ ਉਹ ਹੁਣ ਪੰਜਾਬ ਦੇ ਪਾਣੀ ਨੂੰ ਲੁੱਟ ਕੇ ਕੁਝ ਹੋਰ ਪਾਣੀ ਹੜੱਪਣ ਦੀ ਕੋਸ਼ਿਸ਼ ਕਰ ਰਹੇ ਨੇ। ਦੂਜੇ ਪਾਸੇ ਰੇਲਵੇ ਅਤੇ ਫੂਡ ਪ੍ਰੋਸੈਸਿੰਗ ਬਾਰੇ ਕੇਂਦਰੀ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੇ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਅਜਿਹੇ ਸਮੇਂ ਹਰਿਆਣਾ ਨਾਲ ਪਾਣੀ ਵਿਵਾਦ ਉਠਾਉਣ ਦੀ ਨਿਖੇਧੀ ਕੀਤੀ ਏ, ਜਦੋਂ ਦੇਸ਼ ਪਾਕਿਸਤਾਨ ਦੀ ਹਮਾਇਤ ਵਾਲੀ ਦਹਿਸ਼ਤਗਰਦੀ ਦਾ ਸਾਹਮਣਾ ਕਰ ਰਿਹਾ ਏ। ਇਸ ਨੂੰ ਸ਼ਰਮਨਾਕ ਕਾਰਵਾਈ ਦੱਸਦਿਆਂ ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬ ਦਾ ਦਰਿਆਈ ਪਾਣੀਆਂ 'ਤੇ ਪੂਰਾ ਹੱਕ ਏ, ਪਰ ਇਹ ਮੰਦਭਾਗਾ ਏ ਕਿ ਭਗਵੰਤ ਮਾਨ ਨੇ ਇਸ ਮੌਕੇ ਨੂੰ ਰਾਜਾਂ ਨੂੰ ਵੰਡਣ ਅਤੇ ਰਾਸ਼ਟਰੀ ਹਿੱਤਾਂ 'ਤੇ ਛੋਟੀ ਰਾਜਨੀਤੀ ਕਰਨ ਲਈ ਚੁਣਿਆ।

---

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਭਾਖੜਾ ਬਿਆਸ

ਪ੍ਰਬੰਧਨ ਬੋਰਡ (BBMB) ਤੋਂ ਪਾਣੀ ਦੀ ਵੰਡ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਬਿਆਨ ਨੂੰ ਹੈਰਾਨ ਕਰਨ ਵਾਲਾ ਅਤੇ ਬੇਬੁਨਿਆਦ ਕਰਾਰ ਦਿੱਤਾ ਏ। ਉਨ੍ਹਾਂ ਕਿਹਾ ਕਿ ਹਰਿਆਣਾ ਨੂੰ ਪਿਛਲੇ ਹਫ਼ਤੇ ਸਿਰਫ਼ 4 ਹਜ਼ਾਰ ਕਿਊਸਿਕ ਪਾਣੀ ਮਿਲਿਆ ਏ, ਜੋ ਕਿ ਉਸ ਦੀ ਕੁੱਲ ਮੰਗ ਦਾ ਕਰੀਬ 60 ਫੀਸਦੀ ਹੀ ਏ.ਸ਼੍ਰੀ ਸੈਣੀ ਨੇ ਅੱਗੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਪੂਰੀ ਤਰ੍ਹਾਂ ਜਾਣਦੇ ਨੇ ਕਿ ਮਈ ਵਿੱਚ ਡੈਮ ਤੋਂ ਛੱਡਿਆ ਗਿਆ ਪਾਣੀ ਪੰਜਾਬ, ਹਰਿਆਣਾ, ਦਿੱਲੀ ਅਤੇ ਰਾਜਸਥਾਨ ਦੇ ਪੀਣ ਵਾਲੇ ਪਾਣੀ ਲਈ ਏ। ਉਨ੍ਹਾਂ ਕਿਹਾ ਕਿ, ਜਦੋਂ ਆਮ ਆਦਮੀ ਪਾਰਟੀ ਦਿੱਲੀ ਵਿੱਚ ਸੱਤਾ ਵਿੱਚ ਸੀ, ਤਾਂ ਇਸ ਨੇ ਦਿੱਲੀ ਦੇ ਪਾਣੀ ਦੇ ਹਿੱਸੇ 'ਤੇ ਕੋਈ ਇਤਰਾਜ਼ ਨਹੀਂ ਉਠਾਇਆ। ਸ਼੍ਰੀ ਸੈਣੀ ਨੇ ਇਹ ਵੀ ਕਿਹਾ ਕਿ ਹਾਲਾਂਕਿ, ਹੁਣ ਜਦੋਂ 'ਆਪ' ਦਿੱਲੀ ਚੋਣਾਂ ਹਾਰ ਗਈ ਏ, ਤਾਂ ਪੰਜਾਬ ਦੇ ਮੁੱਖ ਮੰਤਰੀ, ਦਿੱਲੀ ਦੇ ਲੋਕਾਂ ਨੂੰ ਸਜ਼ਾ ਦੇਣ ਲਈ ਅਜਿਹੇ ਬਿਆਨ ਦੇ ਰਹੇ ਨੇ। ਓਹਨਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਮੌਨਸੂਨ ਦੇ ਮੌਸਮ ਦੌਰਾਨ ਮੀਂਹ ਦੇ ਪਾਣੀ ਦਾ ਭੰਡਾਰ ਕਰ ਕੇ ਰਖਣ ਲਈ ਜੂਨ ਤੋਂ ਪਹਿਲਾਂ ਪਾਣੀ ਦੇ ਭੰਡਾਰ ਖਾਲੀ ਕਰਨਾ ਜ਼ਰੂਰੀ ਏ। ਜੇਕਰ ਸਮੇਂ ਸਿਰ ਜਲ

ਭੰਡਾਰ ਦੀ ਸਫਾਈ ਨਾ ਕੀਤੀ ਗਈ ਤਾਂ ਵਾਧੂ ਪਾਣੀ ਹਰੀਕੇ-ਪੱਤਨ ਰਾਹੀਂ ਪਾਕਿਸਤਾਨ ਵੱਲ ਵਗ ਜਾਵੇਗਾ, ਜੋ ਕਿ ਨਾ ਤਾਂ ਪੰਜਾਬ ਅਤੇ ਨਾ ਹੀ ਦੇਸ਼ ਦੇ ਹਿੱਤ ਵਿੱਚ ਏ।

---------------------------------------------------

ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ, ਹਰਦੀਪ ਸਿੰਘ ਮੁੰਡੀਆਂ ਨੇ ਬੁੱਧਵਾਰ ਨੂੰ ਸਾਹਨੇਵਾਲ ਹਲਕੇ ਦੇ ਚਾਰ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ 71 ਲੱਖ ਰੁਪਏ ਤੋਂ ਵਧ ਦੇ ਦੇ ਬੁਨਿਆਦੀ ਢਾਂਚਾ ਵਿਕਾਸ ਪ੍ਰੋਜੈਕਟ ਸਮਰਪਿਤ ਕੀਤੇ। ਇਸ ਮੌਕੇ ਉਦਘਾਟਨ ਸਮਾਰੋਹਾਂ ਦੌਰਾਨ ਮੰਤਰੀ ਮੁੰਡੀਆਂ ਨੇ ਪੰਜਾਬ ਸਿੱਖਿਆ ਕ੍ਰਾਂਤੀ ਪਹਿਲਕਦਮੀ ਤਹਿਤ 2,ਹਜ਼ਾਰ ਕਰੋੜ ਰੁਪਏ ਦੇ ਨਿਵੇਸ਼ ਰਾਹੀਂ ਸਿੱਖਿਆ ਵਿੱਚ ਕ੍ਰਾਂਤੀ ਲਿਆਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ। ਇਹ ਪ੍ਰੋਗਰਾਮ, ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ'ਤੇ ਕੇਂਦ੍ਰਤ ਏ ਜਿਸ ਵਿੱਚ ਆਧੁਨਿਕ ਸਕੂਲ ਇਮਾਰਤਾਂ, ਸਮਾਰਟ ਕਲਾਸਰੂਮ, ਵਧੀਆ ਫਰਨੀਚਰ, ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ, ਸੁਰੱਖਿਅਤ ਚਾਰਦੀਵਾਰੀਆਂ, ਸਾਫ਼ ਪੀਣ ਵਾਲਾ ਪਾਣੀ ਅਤੇ ਚੰਗੀ ਤਰ੍ਹਾਂ ਲੈਸ

ਲਾਇਬ੍ਰੇਰੀਆਂ ਸ਼ਾਮਲ ਨੇ। ਇਸ ਮੌਕੇ ਮੰਤਰੀ ਨੇ ਇਹ ਵੀ ਕਿਹਾ ਕਿ 56,700 ਸਰਕਾਰੀ ਨੌਕਰੀਆਂ ਪਾਰਦਰਸ਼ੀ ਢੰਗ ਨਾਲ ਦਿੱਤੀਆਂ ਗਈਆਂ ਨੇ ਜੋ ਯੋਗਤਾ-ਅਧਾਰਤ ਮੌਕੇ ਯਕੀਨੀ ਬਣਾਉਂਦੀਆਂ ਨੇ।

-----------------------------------------------

ਸਿਖਿਆ ਕ੍ਰਾਂਤੀ ਲੜੀ ਤਹਿਤ ਹੀ ਅੱਜ ਫਤਿਹਗੜ੍ਹ ਸਾਹਿਬ ਦੇ ਹਲਕਾ ਵਿਧਾਇਕ, ਐਡਵੋਕੇਟ ਲਖਬੀਰ ਸਿੰਘ ਰਾਏ ਨੇ ਹਲਕੇ ਦੇ 4 ਸਰਕਾਰੀ ਸਕੂਲਾਂ ਵਿੱਚ 21.66 ਲੱਖ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਇਤਿਹਾਸਿਕ ਅਤੇ ਕ੍ਰਾਂਤੀਕਾਰੀ ਤਬਦੀਲੀ ਨੂੰ ਯਕੀਨੀ ਬਣਾਇਆ ਏ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀ ਸਮੇਂ ਦੇ ਹਾਣੀ ਬਣ ਸਕਣ।

-----------------------------------------------

ਅੰਮ੍ਰਿਤਸਰ ਪੁਲਿਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ ਮਾਡਿਊਲ ਦੇ 5 ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਏ। ਪੁਲਿਸ ਨੇ ਉਨ੍ਹਾਂ ਤੋਂ ਇੱਕ ਹਥਗੋਲਾ ਅਤੇ ਇੱਕ ਗੈਰ-ਕਾਨੂੰਨੀ ਹਥਿਆਰ ਬਰਾਮਦ ਕੀਤਾ ਏ। ਇਸ ਤੋਂ

ਬਾਅਦ ਜਦੋਂ ਪੁਲਿਸ ਨੇ ਇੱਕ ਬਦਮਾਸ਼ ਤੋਂ ਹਥਿਆਰ ਬਰਾਮਦ ਕਰਨ ਦੀ ਕੋਸ਼ਿਸ਼ ਕੀਤੀ ਤਾਂ ਅੰਮ੍ਰਿਤਸਰ ਦੇ ਝਬਾਲ ਰੋਡ 'ਤੇ ਫਤਿਹਪੁਰ ਇਲਾਕੇ ਵਿੱਚ ਪੁਲਿਸ ਅਤੇ ਅਪਰਾਧੀ ਦਰਮਿਆਨ ਝੜਪ  ਹੋ ਗਈ ਅਤੇ ਇਸ ਵਿੱਚ ਇੱਕ ਅਪਰਾਧੀ ਵੀ ਜ਼ਖਮੀ ਹੋ ਗਿਆ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਪੰਜ ਮੁਲਜ਼ਮ ISI ਦਹਿਸ਼ਤਗਰਦ ਨੈੱਟਵਰਕ ਲਈ ਕੰਮ ਕਰ ਰਹੇ ਸਨ।

----------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਿੱਖ ਕੌਮ ਦੇ ਜਰਨੈਲ, ਸਰਦਾਰ ਹਰੀ ਸਿੰਘ ਨਲਵਾ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸੇ ਦੌਰਾਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਵਿਸ਼ਾਲ ਸਿੰਘ ਨੇ ਸੰਗਤ ਨੂੰ ਸਰਦਾਰ ਹਰੀ ਸਿੰਘ ਨਲਵਾ ਦੇ ਜੀਵਨ ਇਤਿਹਾਸ ਨਾਲ ਜੋੜਿਆ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਮਹਾਨ ਜਰਨੈਲ ਸਰਦਾਰ ਹਰੀ ਸਿੰਘ ਨਲਵਾ ਨੇ ਆਪਣੀ ਬਹਾਦਰੀ ਨਾਲ ਦੁਨੀਆਂ ਵਿਚ ਲੋਹਾ ਮਨਵਾਇਆ ਅਤੇ ਦਰਾ ਖੈਬਰ ਤੱਕ ਜਿੱਤਾਂ ਪ੍ਰਾਪਤ ਕੀਤੀਆਂ । ਉਨ੍ਹਾਂ

ਕਿਹਾ ਕਿ ਸਰਦਾਰ ਹਰੀ ਸਿੰਘ ਨਲਵਾ ਦਾ ਸਿੱਖ ਰਾਜ ਦੀ ਸਥਾਪਤੀ ਲਈ ਵਿਸ਼ੇਸ਼ ਯੋਗਦਾਨ ਸੀ। ਉਨ੍ਹਾਂ ਸਿੱਖ ਜਰਨੈਲ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਣਾ ਕੀਤੀ। ਇਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਢਾਡੀ, ਕਵੀਸ਼ਰ ਜਥਿਆਂ ਵੱਲੋਂ ਸੰਗਤਾਂ ਨੂੰ ਗੁਰੂ ਜਸ ਸਰਵਣ ਕਰਵਾਇਆ ਗਿਆ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਭਲਕੇ ਮੁੰਬਈ'ਚ ਪਹਿਲੇ ਵਿਸ਼ਵ ਆਡੀਓ ਵਿਜ਼ੁਅਲ ਐਂਟਰਟੇਨਮੈਂਟ ਸੰਮੇਲਨ - WAVES 2025 ਦਾ ਉਦਘਾਟਨ ਕਰਨਗੇ.
- ਮੰਤਰੀ ਮੰਡਲ ਨੇ ਖੰਡ ਰੁਤ 2025-26 ਲਈ ਕਿਸਾਨਾਂ ਲਈ ਗੰਨੇ ਦੀ ਨਿਰਪੱਖ ਅਤੇ ਲਾਹੇਵੰਦ ਕੀਮਤ 355 ਰੁਪਏ ਪ੍ਰਤੀ ਕੁਇੰਟਲ 'ਤੇ ਮਨਜ਼ੂਰ ਕਰ ਦਿੱਤੀ ਏ.
- ਪੰਜਾਬ ਦੇ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਏ ਕਿ ਸੂਬੇ ਕੋਲ ਦੂਜੇ ਸੂਬਿਆਂ ਨਾਲ ਸਾਂਝਾ ਕਰਨ ਲਈ ਇੱਕ ਬੂੰਦ ਵੀ ਪਾਣੀ ਨਹੀਂ ਏ ।

- ਸੂਬੇ ਦੇ  ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਚਾਰ ਸਰਕਾਰੀ ਸਕੂਲਾਂ ਵਿੱਚ 71 ਲੱਖ ਰੁਪਏ ਤੋਂ ਵਧ ਦੇ ਬੁਨਿਆਦੀ ਢਾਂਚਾ ਵਿਕਾਸ ਪ੍ਰੋਜੈਕਟ, ਸਮਰਪਿਤ ਕੀਤੇ.
- ਨਸ਼ਿਆਂ ਦੀ ਲਾਹਨਤ ਵਿਰੁੱਧ ਜਾਰੀ ਮੁਹਿੰਮ ਦੌਰਾਨ,ਸੂਬੇ ਦੇ  ਨਸ਼ਾ ਛੁਡਾਊ ਕੇਂਦਰਾਂ ਵਿੱਚ ਬਿਸਤਰਿਆਂ ਦੀ ਗਿਣਤੀ 1500 ਤੋਂ ਵਧਾ ਕੇ 5 ਹਜ਼ਾਰ ਕਰ ਦਿੱਤੀ ਗਈ ਏ ।